# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 17-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਵੱਕਾਰੀ ਸਵੱਛ ਸਰਵੇਖਣ ਪੁਰਸਕਾਰ- 2024-25 ਪ੍ਰਦਾਨ ਕੀਤੇ -ਕਿਹਾ ਸਫਾਈ, ਦੇਸ਼ ਦੀ ਸੱਭਿਆਚਾਰਕ ਚੇਤਨਾ ਦੀ ਬੁਨਿਆਦ ਏ ।- ਬਠਿੰਡਾ ਨੂੰ ਮਨਿਸਟਰੀਅਲ Awardees category ਵਿਚ ਪ੍ਰੋਮਿਸਿੰਗ ਸਵੱਛ ਸ਼ਹਿਰ ਆਫ ਸਟੇਟ ਵਿਚ ਇਨਾਮ ਮਿਲਿਆ।
- ਦੇਸ਼ ਦੇ 10 ਲੱਖ ਨਾਗਰਿਕਾਂ ਨੂੰ ਮੁਫ਼ਤ ਆਰਟੀਫੀਸ਼ੀਅਲ ਇੰਟੈਲੀਜੈਂਸ ਸਿਖਲਾਈ ਦਿੱਤੀ ਜਾਵੇਗੀ- ਪਿੰਡ ਪੱਧਰ ਦੇ ਉੱਦਮੀਆਂ ਨੂੰ ਮਿਲੇਗੀ ਪਹਿਲ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪੇਂਡੂ ਵਿਕਾਸ ਫੰਡ ਅਤੇ ਮੰਡੀ ਫੀਸ ਵਜੋਂ ਸੂਬੇ ਦੇ ਹਿੱਸੇ ਦੇ 9000 ਕਰੋੜ ਰੁਪਏ ਤੋਂ ਵੱਧ ਦੇ ਫੰਡ ਤੁਰੰਤ ਜਾਰੀ ਕਰਨ ਲਈ, ਕੇਂਦਰੀ ਖਪਤਕਾਰ

ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਦੇ ਦਖਲ ਦੀ ਮੰਗ ।

- ਸੀਮਾ ਸੁਰੱਖਿਆ ਬਲ ਨੇ ਫਿਰੋਜ਼ਪੁਰ ਦੇ ਸਰਹੱਦੀ ਪਿੰਡ ਭਾਨੇਵਾਲਾ ਚੋਂ 8 ਕਿਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ।
- ਮੋਹਾਲੀ ਸਾਇਬਰ ਕਰਾਇਮ ਪੁਲਿਸ ਵਲੋਂ ਆਨਲਾਈਨ ਗੇਮਿੰਗ ਰਾਹੀਂ 18 ਕਰੋੜ ਦੀ ਠੱਗੀ ਮਾਰਨ ਵਾਲੇ ਗਿਰੋਹ ਦਾ ਪਰਦਾਫਾਸ਼ - 8 ਮੁਲਜ਼ਮਾਂ ਨੂੰ ਕੀਤਾ ਕਾਬੂ ।

ਹੁਣ ਖਬਰਾਂ ਵਿਸਥਾਰ ਨਾਲ.....

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਫਾਈ ਦੇਸ਼ ਦੀ ਸੱਭਿਆਚਾਰਕ ਚੇਤਨਾ ਦੀ ਬੁਨਿਆਦ ਏ । ਰਾਸ਼ਟਰਪਤੀ ਨੇ ਇਹ ਟਿੱਪਣੀ ਨਵੀਂ ਦਿੱਲੀ ਵਿੱਚ ਹੋਏ ਇੱਕ ਸਮਾਰੋਹ ਵਿੱਚ “ਸਵੱਛ ਸਰਵੇਖਣ 2024-25 award” ਪ੍ਰਦਾਨ ਕਰਦਿਆਂ ਕੀਤੀ। ਸਵੱਛ ਭਾਰਤ ਮਿਸ਼ਨ ਤਹਿਤ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ

ਕੋਸ਼ਿਸ਼ਾਂ ਦੀ ਸ਼ਲਾਘਾ ਕਰਦੇ ਹੋਏ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸਵੱਛ ਸਰਵੇਖਣ ਇੱਕ ਸਫਲ ਪਹਿਲਕਦਮੀ ਸਾਬਤ ਹੋਈ ਏ- BYTE-

ਇੰਦੌਰ ਨੇ ਲਗਾਤਾਰ 8ਵੇਂ ਸਾਲ ਭਾਰਤ ਦੇ ਸਭ ਤੋਂ ਸਾਫ਼ ਸ਼ਹਿਰ ਵਜੋਂ ਆਪਣਾ ਖਿਤਾਬ ਬਰਕਰਾਰ ਰੱਖਿਆ। ਸੂਰਤ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਨਵੀਂ ਮੁੰਬਈ ਕੇਂਦਰ ਸਰਕਾਰ ਦੇ ਸਾਲਾਨਾ ਸਫਾਈ ਸਰਵੇਖਣ ਵਿੱਚ ਤੀਜੇ ਸਥਾਨ 'ਤੇ ਰਿਹਾ। ਸਮਾਗਮ ਦੌਰਾਨ, ਵੱਖ-ਵੱਖ ਸ਼੍ਰੇਣੀਆਂ ਵਿੱਚ ਕੁੱਲ 78 ਪੁਰਸਕਾਰ ਪ੍ਰਦਾਨ ਕੀਤੇ ਗਏ। ਇਸ ਸਾਲ, award ਚਾਰ ਸ਼੍ਰੇਣੀਆਂ ਵਿੱਚ ਪੇਸ਼ ਕੀਤੇ ਗਏ, ਜਿਨ੍ਹਾਂ ਵਿੱਚ ਸੁਪਰ ਸਵੱਛ ਲੀਗ ਸ਼ਹਿਰ ਅਤੇ ਪੰਜ ਵੱਖ-ਵੱਖ ਆਬਾਦੀ ਸ਼੍ਰੇਣੀਆਂ ਵਿੱਚ ਚੋਟੀ ਦੇ ਤਿੰਨ ਸਭ ਤੋਂ ਸਾਫ਼ ਸ਼ਹਿਰ ਸ਼ਾਮਲ ਨੇ. । ਬਠਿੰਡਾ ਨੂੰ ਮਨਿਸਟਰੀਅਲ Awardees category ਵਿਚ ਪ੍ਰੋਮਿਸਿੰਗ ਸਵੱਛ ਸ਼ਹਿਰ ਆਫ ਸਟੇਟ ਵਿਚ ਇਨਾਮ ਮਿਲਿਆ।

---------------------------------------------------------------

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਕਿਹਾ ਹੈ ਕਿ ਦੇਸ਼ ਦੇ 10 ਲੱਖ ਨਾਗਰਿਕਾਂ ਨੂੰ ਮੁਫ਼ਤ

ਆਰਟੀਫੀਸ਼ੀਅਲ ਇੰਟੈਲੀਜੈਂਸ ਸਿਖਲਾਈ ਦਿੱਤੀ ਜਾਵੇਗੀ ਅਤੇ ਪਿੰਡ ਪੱਧਰ ਦੇ ਉੱਦਮੀਆਂ ਨੂੰ ਪਹਿਲ ਦਿੱਤੀ ਜਾਵੇਗੀ। ਸ਼੍ਰੀ ਵੈਸ਼ਨਵ ਨੇ ਇਹ ਐਲਾਨ ਨਵੀਂ ਦਿੱਲੀ ਵਿੱਚ ਡਿਜੀਟਲ ਇੰਡੀਆ ਦੇ 10 ਸਾਲ ਪੂਰੇ ਹੋਣ ਦੇ ਮੌਕੇ 'ਤੇ ਆਯੋਜਿਤ 'ਜਨ ਸੇਵਾ ਕੇਂਦਰ ਦਿਵਸ' ਪ੍ਰੋਗਰਾਮ ਵਿੱਚ ਕੀਤਾ।

BYTE:

ਇਹ ਪ੍ਰੋਗਰਾਮ ਦੇਸ਼ ਵਿੱਚ ਪਰਿਵਰਤਨਸ਼ੀਲ ਡਿਜੀਟਲ ਸਸ਼ਕਤੀਕਰਨ ਦੇ ਇੱਕ ਦਹਾਕੇ ਦੇ ਪੂਰੇ ਹੋਣ ਨੂੰ ਦਰਸਾਉਂਦਾ ਏ। ਜਨ ਸੇਵਾ ਕੇਂਦਰ ਦੇ ਕਰਮਚਾਰੀਆਂ ਦੇ ਉਪਰਾਲਿਆਂ ਅਤੇ ਪ੍ਰਾਪਤੀਆਂ 'ਤੇ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਦੇਸ਼ ਦੇ ਪਿੰਡ ਪੱਧਰ ਦੇ ਉੱਦਮੀਆਂ ਨੇ ਡਿਜੀਟਲ ਇੰਡੀਆ ਦੇ ਲਾਭ ਨਾਗਰਿਕਾਂ ਤੱਕ ਪਹੁੰਚਾ ਕੇ ਇੱਕ ਸ਼ਾਨਦਾਰ ਉਦਾਹਰਣ ਕਾਇਮ ਕੀਤੀ ਏ। ਉਨ੍ਹਾਂ ਕਿਹਾ ਕਿ ਜਨ ਸੇਵਾ ਕੇਂਦਰ ਦੇਸ਼ ਦੇ ਲਗਭਗ 90 ਫੀਸਦੀ ਪਿੰਡਾਂ ਤੱਕ ਪਹੁੰਚ ਗਿਆ ਏ। ਸ਼੍ਰੀ ਵੈਸ਼ਨਵ ਨੇ ਕਿਹਾ ਕਿ UPI ਅਦਾਇਗੀ ਵੀਜ਼ਾ ਲੈਣ-ਦੇਣ ਨੂੰ ਪਛਾੜ ਗਏ ਹਨ ਅਤੇ ਇਸਨੇ ਦੁਨੀਆ ਨੂੰ ਦਿਖਾਇਆ ਏ ਕਿ ਭਾਰਤ ਵਿੱਚ ਇੱਕ ਚਾਹ ਵੇਚਣ ਵਾਲਾ ਜਾਂ ਸਬਜ਼ੀ ਵੇਚਣ ਵਾਲਾ ਵੀ ਡਿਜੀਟਲ ਅਦਾਇਗੀ ਦੀ ਵਰਤੋਂ ਕਰ ਸਕਦਾ ਏ। ਸ਼੍ਰੀ

ਵੈਸ਼ਨਵ ਨੇ ਸਾਰੇ ਪੇਂਡੂ ਉੱਦਮੀਆਂ ਨੂੰ ਨਾਗਰਿਕਾਂ ਨੂੰ  ਈ.ਆਰ.ਸੀ.ਟੀ.ਸੀ ਸੇਵਾਵਾਂ ਪ੍ਰਦਾਨ ਕਰਨ ਦੀ ਅਪੀਲ ਕੀਤੀ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੇਂਡੂ ਵਿਕਾਸ ਫੰਡ ਅਤੇ ਮੰਡੀ ਫੀਸ ਵਜੋਂ ਸੂਬੇ ਦੇ ਹਿੱਸੇ ਦੇ 9000 ਕਰੋੜ ਰੁਪਏ ਤੋਂ ਵੱਧ ਦੇ ਫੰਡ ਤੁਰੰਤ ਜਾਰੀ ਕਰਨ ਲਈ ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਦੇ ਦਖਲ ਦੀ ਮੰਗ ਕੀਤੀ ਏ । ਮੁੱਖ ਮੰਤਰੀ ਨੇ ਕੱਲ ਸ਼ਾਮ ਨਵੀਂ ਦਿੱਲੀ ਸ੍ਰੀ ਜੋਸ਼ੀ ਨਾਲ ਮੁਲਾਕਾਤ ਕੀਤੀ । ਮੁੱਖ ਮੰਤਰੀ ਨੇ ਉਨ੍ਹਾਂ ਕੋਲ ਸਾਉਣੀ 2021-22 ਤੋਂ ਪੇਂਡੂ ਵਿਕਾਸ ਫੰਡ ਦੀ ਅਦਾਇਗੀ ਨਾ ਹੋਣ ਅਤੇ ਸਾਉਣੀ ਸੀਜ਼ਨ 2022-23 ਤੋਂ ਮੰਡੀ ਫੀਸ ਦਾ ਘੱਟ ਅਦਾਇਗੀ ਹੋਣ ਦਾ ਮਸਲਾ ਉਠਾਇਆ । ਮੁੱਖ ਮੰਤਰੀ ਨੇ ਦੱਸਿਆ ਕਿ ਇਸ ਫੰਡ ਦਾ ਉਦੇਸ਼ ਖੇਤੀਬਾੜੀ ਅਤੇ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਏ  ਜਿਸ ਤਹਿਤ ਪੇਂਡੂ ਲਿੰਕ ਸੜਕਾਂ, ਮੰਡੀਆਂ ਦੇ ਬੁਨਿਆਦੀ ਢਾਂਚੇ, ਮੰਡੀਆਂ ਵਿੱਚ ਭੰਡਾਰਨ ਦੀ ਸਮਰੱਥਾ ਵਧਾਉਣਾ ਅਤੇ ਮੰਡੀਆਂ ਦੇ ਮਸ਼ੀਨੀਕਰਨ ਲਈ ਫੰਡ ਖਰਚੇ ਜਾਂਦੇ ਨੇ । ਉਨ੍ਹਾਂ ਕਿਹਾ

ਕਿ ਸੂਬਾ ਸਰਕਾਰ ਨੇ ਕੇਂਦਰੀ ਮੰਤਰਾਲੇ ਦੇ ਖੁਰਾਕ ਤੇ ਜਨਤਕ ਵੰਡ ਵਿਭਾਗ ਦੇ ਨਿਰਦੇਸ਼ਾਂ ਮੁਤਾਬਕ ਪੰਜਾਬ ਪੇਂਡੂ ਵਿਕਾਸ ਐਕਟ-1987 ਵਿੱਚ ਵੀ ਲੋੜੀਂਦੀ ਤਰਮੀਮ ਕਰ ਦਿੱਤੀ ਸੀ ਪਰ ਫੇਰ ਵੀ ਸਾਉਣੀ, 2021-22 ਤੋਂ ਸੂਬਾ ਸਰਕਾਰ ਨੂੰ ਆਰ.ਡੀ.ਐਫ. ਨਹੀਂ ਮਿਲਿਆ। ਮੁੱਖ ਮੰਤਰੀ ਨੇ ਜੁਲਾਈ ਵਿੱਚ ਘੱਟੋ-ਘੱਟ 15 ਲੱਖ ਮੀਟਰਕ ਟਨ ਚੌਲਾਂ ਦੀ ਢੋਆ-ਢੁਆਈ ਕਰਨ ਦੀ ਅਪੀਲ ਕੀਤੀ ਤਾਂ ਜੋ 31 ਜੁਲਾਈ ਤੱਕ ਮਿਲਿੰਗ ਪੂਰੀ ਹੋ ਸਕੇ ਅਤੇ ਆਉਣ ਵਾਲੇ ਸੀਜਨ ਵਿੱਚ ਝੋਨੇ ਦੀ ਸੁਚਾਰੂ ਖਰੀਦ ਨੂੰ ਯਕੀਨੀ ਬਣਾਇਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕੇਂਦਰੀ ਮੰਤਰੀ ਨੂੰ ਪੀ.ਪੀ.ਆਈ ਵਿੱਚ ਮੁੱਦਿਆਂ ਨੂੰ ਹੱਲ ਕਰਨ ਅਤੇ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਤਰਕਸੰਗਤ ਬਣਾਉਣ ਦੀ ਅਪੀਲ ਕੀਤੀ।

------------------------------------------------------------

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਲਈ ਦ੍ਰਿੜ ਵਚਨਬੱਧਤਾ ਦੁਹਰਾਈ। ਜਲੰਧਰ ਇੰਪਰੂਵਮੈਂਟ ਟਰਸੱਟ ਦੀ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ

ਕਿ ਉਨ੍ਹਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ । ਸ੍ਰੀ ਭਗਤ ਨੇ ਸਟੇਟ ਜੀ.ਐਸ.ਟੀ. ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਵਪਾਰੀਆਂ ਨੂੰ ਆਪਣੇ ਵਪਾਰ ਦੌਰਾਨ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਹਮੇਸ਼ਾ ਤੋਂ ਕਿਸੇ ਵੀ ਰਾਜ ਦੀ ਆਰਥਿਕਤਾ ਦੀ ਰੀੜ੍ਹ ਰਿਹਾ ਏ ਜਿਨ੍ਹਾਂ ਦੇ ਯੋਗਦਾਨ ਨੂੰ ਕਦੇ ਵੀ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ । ਵਪਾਰੀਆਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਦੀ ਸੁਣਵਾਈ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਸਹੂਲਤ ਅਤੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਏ ਅਤੇ ਜਲਦ ਹੀ ਵਪਾਰੀ ਵਰਗ ਦੇ ਮੁੱਦਿਆਂ ਦਾ ਢੁੱਕਵਾਂ ਹੱਲ ਕੱਢ ਕੇ ਉਨ੍ਹਾਂ ਨੂੰ ਰਾਹਤ ਪਹੁੰਚਾਈ ਜਾਵੇਗੀ ।

-----------------------------------------------------------------

ਸੀਮਾ ਸੁਰੱਖਿਆ ਬਲ ਨੇ ਫਿਰੋਜ਼ਪੁਰ ਸਰਹੱਦ 'ਤੇ ਹੈਰੋਇਨ ਦੀ ਵੱਡੀ ਖੇਪ ਬਰਾਮਦ ਕੀਤੀ ਏ । ਅੱਜ ਤੜਕੇ ਬੀ.ਐਸ.ਐਫ ਦੇ ਜਵਾਨਾਂ ਨੇ ਸ਼ੱਕੀ ਖੇਤਰ ਦੀ ਤਲਾਸ਼ੀ ਵਜੋਂ 8 ਕਿਲੋ 600 ਗ੍ਰਾਮ ਹੈਰੋਇਨ ਦੇ 15 ਪੈਕੇਟ

ਬਰਾਮਦ ਕੀਤੇ। ਇਹ ਬਰਾਮਦਗੀ ਜ਼ਿਲ੍ਹਾ ਫਿਰੋਜ਼ਪੁਰ ਦੇ ਸਰਹੱਦੀ ਪਿੰਡ ਭਾਨੇਵਾਲਾ ਦੇ ਨੇੜੇ ਇੱਕ ਖੇਤੀਬਾੜੀ ਖੇਤ ਤੋਂ ਕੀਤੀ ਗਈ ਸੀ। ਹਰੇਕ ਨਸ਼ੀਲੇ ਪਦਾਰਥਾਂ ਦੇ ਪੈਕੇਟ ਨੂੰ ਪੀਲੇ ਰੰਗ ਦੀ ਚਿਪਕਣ ਵਾਲੀ ਟੇਪ ਵਿੱਚ ਲਪੇਟਿਆ ਗਿਆ ਸੀ ਜਿਸ ਵਿੱਚ ਇੱਕ ਲੋਹੇ ਦਾ ਹੁੱਕ ਅਤੇ ਰੋਸ਼ਨੀ ਵਾਲਾ ਯੰਤਰ ਜੁੜਿਆ ਹੋਇਆ ਸੀ।

---------------------------------------------------

ਜ਼ਿਲਾ ਫਤਹਿਗੜ੍ਹ ਸਾਹਿਬ ਦੇ ਸ਼ਹੀਦ ਭਗਤ ਸਿੰਘ ਮਮੋਰੀਅਲ ਕਲੱਬ ਵੱਲੋਂ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਸਰਕਾਰੀ ਸਮਾਰਟ ਹਾਈ ਸਕੂਲ ਮਾਧੋਪੁਰ ਵਿਖੇ ਜਾਗਰੂਕਤਾ ਸੈਮੀਨਾਰ ਕਰਾਇਆ ਗਿਆ। ਇਸ ਦੌਰਾਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ AK ਚੌਹਾਨ ਨੇ ਸ਼ਿਰਕਤ ਕੀਤੀ ਅਤੇ ਫਲਦਾਰ ਬੂਟੇ ਲਗਾਏ। ਸਕੱਤਰ ਨੇ ਕਿਹਾ ਕਿ ਰੁੱਖਾਂ ਦੀ ਘਾਟ ਕਾਰਨ ਵਾਤਾਵਰਨ ਗੰਦਲਾ ਹੋ ਰਿਹਾ ਏ ਜੋ ਕਿ ਚਿੰਤਾ ਦਾ ਵਿਸ਼ਾ ਏ। ਕਲੱਬ ਦੇ ਪ੍ਰਧਾਨ ਲਖਵਿੰਦਰ ਸਿੰਘ ਅਤੇ ਸਰਪੰਚ ਹਰਵੇਲ ਸਿੰਘ ਨੇ ਕਲੱਬ ਵੱਲੋਂ ਕੀਤੇ ਜਾਂਦੇ ਕਰਜਾਂ ਦੀ ਜਾਣਕਾਰੀ ਦਿਤੀ

IBYTE:

-----------------------------------------------------------

ਮੋਹਾਲੀ ਦੀ ਸਾਇਬਰ ਕਰਾਇਮ ਪੁਲਿਸ ਨੇ ਆਨਲਾਈਨ ਗੇਮਿੰਗ ਰਾਹੀਂ ਠੱਗੀ ਮਾਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕਰਦਿਆਂ 8 ਮੁਲਜ਼ਮਾਂ ਨੂੰ ਕਾਬੂ ਕੀਤਾ ਏ। ਮੁਹਾਲੀ ਦੇ SSP ਹਰਮਨਦੀਪ ਹਾਂਸ ਨੇ ਦੱਸਿਆ ਕਿ ਪੁਲਿਸ ਵੱਲੋਂ ਠੱਗੀ ਰੈਕਟ ਦਾ ਪਰਦਾਫਾਸ ਕਰਦਿਆਂ ਆਨਲਾਈਨ ਗੀਮਿੰਗ ਐਪ ਰਾਹੀਂ ਲੋਕਾਂ ਨੂੰ ਵੱਡਾ ਮੁਨਾਫਾ ਕਮਾਉਣ ਦੇ ਲਾਲਚ 'ਚ ਠੱਗਣ ਵਾਲੇ ਗਿਰੋਹ ਨੂੰ ਕਾਬੂ ਕੀਤਾ ਏ । ਇਹ ਗਿਰੋਹ ਕਰੀਬ 18 ਕਰੋੜ ਦੀ ਠੱਗੀ ਕਰ ਚੁੱਕਾ ਸੀ । ਐਸ.ਐਸ.ਪੀ ਨੇ ਦੱਸਿਆ ਕਿ ਇਸ ਦੌਰਾਨ ਮੁਲਜ਼ਮਾਂ ਕੋਲੋਂ ਵੱਡੀ ਮਾਤਰਾ 'ਚ ਤਕਨੀਕੀ ਅਤੇ ਵਿੱਤੀ ਸਮਾਨ ਬਰਾਮਦ ਹੋਇਆ । ਜਿਸ ਵਿੱਚ 5 ਲੈਪਟਾਪ, 51 ਮੋਬਾਇਲ ਫੋਨ,70 ਸਿਮ ਕਾਰ,127 ATM ਕਾਰਡ ਤੇ ,2,50,000 ਲੱਖ ਰੁਪਏ ਨਕਦ ਬਰਾਮਦ ਕੀਤੇ ਗਏ ਹਨ । ਇਹਨਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਿਆ ਜਾ ਰਿਹਾ ਏ । ਇਹਨਾਂ ਖ਼ਿਲਾਫ਼ ਵੱਖ ਵੱਖ ਧਾਰਾਵਾਂ ਤਹਿਤ ਮਾਮਲਾ ਚ ਦਰਜ ਕੀਤਾ ਗਿਆ ਏ । ਮੁਲਜ਼ਮ ਰਾਜਸਥਾਨ, ਮਹਾਰਾਸਟਰ, ਬਿਹਾਰ ਤੇ ਮੱਧ ਪ੍ਰਦੇਸ਼ ਦੇ ਰਹਿਣ ਵਾਲੇ ਨੇ । ਹੋਰ

ਤਫ਼ਤੀਸ਼ ਜਾਰੀ ਏ । ਸਾਇਬਰ ਪੁਲਿਸ ਵੱਲੋਂ ਲੋਕਾਂ ਨੂੰ ਅਜਿਹੀਆਂ ਝੂਠੀਆਂ ਵੈੱਬਸਾਈਟਾਂ ਤੋਂ ਸਾਵਧਾਨ ਰਹਿਣ ਪੁਸ਼ਟੀ ਤੋਂ ਬਿਨਾਂ ਆਪਣੀ ਵਿੱਤੀ ਜਾਂ ਨਿੱਜੀ ਜਾਣਕਾਰੀ ਸਾਂਝੀ ਨਾ ਕਰਨ ਦੀ ਅਪੀਲ ਕੀਤੀ ਏ ।

--------------------------------------------------------

ਪੰਜਾਬ ਸਰਕਾਰ ਨੇ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਾਇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਹੋਈ ਏ ਜਿਸ ਤਹਿਤ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ, ਵੱਖ ਵੱਖ ਉਪਰਾਲੇ ਕੀਤੇ ਜਾ ਰਹੇ ਨੇ । ਬੀਤੇ ਦਿਨੀ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁਹਾਲੀ ਦੇ ਪਿੰਡ ਸੋਹਾਣਾ ਵਿਖੇ ਨਸ਼ਿਆਂ ਨੂੰ ਰੋਕਣ ਬਾਰੇ ਚੰਗੇ ਕਾਰਜ ਕਰਨ ਵਾਲੇ ਸਰਪੰਚਾ ਨੂੰ ਸਨਮਾਨਿਤ ਕੀਤਾ । ਪਿੰਡ ਬੱਲੋਮਾਜਰਾ ਦੇ ਸਾਬਕਾ ਸਰਪੰਚ ਸੁਖਵਿੰਦਰ ਸਿੰਘ ਛਿੰਦੀ ਨੇ ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਕਿਹਾ । BYTE-

--------------------------------------------------------

ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਅੱਜ ਅਨੁਸੂਚਿਤ ਭਾਈਚਾਰੇ ਦੇ 24 ਕਰਜ਼ਦਾਰਾਂ ਨੂੰ ਕਰੀਬ 37 ਲੱਖ 33

ਕਰੋੜ  ਰੁਪਏ ਦੀ ਕਰਜ਼ਾ ਮੁਆਫੀ ਦਾ ਲਾਭ ਪ੍ਰਦਾਨ ਏ ।ਉਹਨਾਂ ਕਿਹਾ ਕਿ ਗਰੀਬ ਪਰਿਵਾਰ ਹੁਣ ਆਪਣੇ ਬੱਚਿਆਂ ਦੀ ਪੜ੍ਹਾਈ ਅਤੇ ਪਰਿਵਾਰਾਂ ਦੀਆਂ ਜਰੂਰਤਾਂ ਲਈ ਬਿਹਤਰ ਤਰੀਕੇ ਨਾਲ ਯਤਨ ਕਰ ਸਕਣਗੇ ਜਿਸ ਨਾਲ ਇਹ ਪਰਿਵਾਰ ਨਵੀਂ ਉਮੀਦ ਅਤੇ ਹੌਂਸਲੇ ਨਾਲ ਆਪਣੀ ਜਿੰਦਗੀ ਨੂੰ ਅੱਗੇ ਵਧਾ ਸਕਣਗੇ। ਵਿਧਾਇਕ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਅੰਦਰ 400 ਲਾਭਪਾਤਰੀਆਂ ਨੂੰ 4 ਕਰੋੜ 83 ਲੱਖ ਰੁਪਏ ਦੀ ਕਰਜ਼ਾ ਮੁਆਫੀ ਦਾ ਲਾਭ ਮਿਲਿਆ ਏ  । ਉਹਨਾਂ ਕਿਹਾ ਕਿ ਕਰਜਾ ਮੁਆਫ਼ੀ ਮੁਹਿੰਮ ਨਾਲ ਨਾ ਸਿਰਫ ਲੋੜਵੰਦ ਪਰਿਵਾਰਾਂ ਨੂੰ ਆਰਥਿਕ ਬੋਝ ਤੋਂ ਛੁਟਕਾਰਾ ਮਿਲਿਆ ਏ , ਸਗੋਂ ਇਸ ਮੁਹਿੰਮ ਨਾਲ ਲੋਕਾਂ ਨੂੰ ਆਤਮਨਿਰਭਰ ਹੋਣ ਵਿੱਚ ਵੀ ਮਦਦ ਮਿਲੀ ਏ । ਉਹਨਾਂ ਲੋੜਵੰਦ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਹੂਲਤਾਂ ਦਾ ਲਾਭ ਲੈਣ।

---------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਵੱਕਾਰੀ ਸਵੱਛ ਸਰਵੇਖਣ ਪੁਰਸਕਾਰ- 2024-25 ਪ੍ਰਦਾਨ ਕੀਤੇ -ਕਿਹਾ

ਸਫਾਈ, ਦੇਸ਼ ਦੀ ਸੱਭਿਆਚਾਰਕ ਚੇਤਨਾ ਦੀ ਬੁਨਿਆਦ ਏ- ਬਠਿੰਡਾ ਨੂੰ ਮਨਿਸਟਰੀਅਲ Awardees category ਵਿਚ ਪ੍ਰੋਮਿਸਿੰਗ ਸਵੱਛ ਸ਼ਹਿਰ ਆਫ ਸਟੇਟ ਵਿਚ ਇਨਾਮ ਮਿਲਿਆ।

- ਦੇਸ਼ ਦੇ 10 ਲੱਖ ਨਾਗਰਿਕਾਂ ਨੂੰ ਮੁਫ਼ਤ ਆਰਟੀਫੀਸ਼ੀਅਲ ਇੰਟੈਲੀਜੈਂਸ ਸਿਖਲਾਈ ਦਿੱਤੀ ਜਾਵੇਗੀ- ਪਿੰਡ ਪੱਧਰ ਦੇ ਉੱਦਮੀਆਂ ਨੂੰ ਮਿਲੇਗੀ ਪਹਿਲ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪੇਂਡੂ ਵਿਕਾਸ ਫੰਡ ਅਤੇ ਮੰਡੀ ਫੀਸ ਵਜੋਂ ਸੂਬੇ ਦੇ ਹਿੱਸੇ ਦੇ 9000 ਕਰੋੜ ਰੁਪਏ ਤੋਂ ਵੱਧ ਦੇ ਫੰਡ ਤੁਰੰਤ ਜਾਰੀ ਕਰਨ ਲਈ, ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਦੇ ਦਖਲ ਦੀ ਮੰਗ ।
- ਸੀਮਾ ਸੁਰੱਖਿਆ ਬਲ ਨੇ ਫਿਰੋਜ਼ਪੁਰ ਦੇ ਸਰਹੱਦੀ ਪਿੰਡ ਭਾਨੇਵਾਲਾ ਚੋਂ 8 ਕਿਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ।

- ਮੋਹਾਲੀ ਸਾਇਬਰ ਕਰਾਇਮ ਪੁਲਿਸ ਵਲੋਂ ਆਨਲਾਈਨ ਗੇਮਿੰਗ ਰਾਹੀਂ 18 ਕਰੋੜ ਦੀ ਠੱਗੀ ਮਾਰਨ ਵਾਲੇ ਗਿਰੋਹ ਦਾ ਪਰਦਾਫਾਸ਼ - 8 ਮੁਲਜ਼ਮਾਂ ਨੂੰ ਕੀਤਾ ਕਾਬੂ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !